**ਪੰਜਾਬ ਸਰਕਾਰ**
**ਉਚੇਰੀ ਸਿੱਖਿਆ ਵਿਭਾਗ**
**( ਸਿੱਖਿਆ-1 ਸ਼ਾਖਾ )**
**ਨੋਟੀਫਿਕੇਸ਼ਨ**

**ਨੰ.**HED-EDU10UNIV/93/2021-2edu/6731 **ਮਿਤੀ, ਚੰਡੀਗੜ੍ਹ:** 25-12-2021

ਪੰਜਾਬ ਦੇ ਰਾਜਪਾਲ ਪ੍ਰਸੰਨਤਾ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵਿਖੇ ਗੀਤਾ ਅਧਿਐਨ ਅਤੇ ਸਨਾਤਨੀ ਗ੍ਰੰਥ ਸੰਸਥਾ ਦੀ ਸਥਾਪਨਾ ਕਰਨ ਦੀ ਪ੍ਰਵਾਨਗੀ ਇਸ ਸ਼ਰਤ ਤੇ ਦਿੰਦੇ ਹਨ ਕਿ ਸੰਸਥਾ ਲਈ ਜ਼ਮੀਨ ਘੱਟੋ-ਘੱਟ 2 ਏਕੜ ਹੋਵੇਗੀ।

2. ਗੀਤਾ ਅਧਿਐਨ ਅਤੇ ਸਨਾਤਨੀ ਗ੍ਰੰਥ ਸੰਸਥਾ ਨੂੰ ਜਲਦੀ ਸਥਾਪਤ ਕਰਨ ਅਤੇ ਲੋੜੀਂਦੇ ਨਤੀਜੇ ਪ੍ਰਦਾਨ ਕਰਨ ਹਿੱਤ ਮੁੱਖ ਮੰਤਰੀ, ਪੰਜਾਬ ਜੀ ਦੀ ਪ੍ਰਧਾਨਗੀ ਹੇਠ ਫਾਊਂਡੇਸ਼ਨ ਦਾ ਗਠਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸੰਸਥਾ ਨੂੰ ਲਾਗੂ ਕਰਨ ਦੀ ਨਿਗਰਾਨੀ ਲਈ ਮਾਨਯੋਗ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਮੁੱਖ ਸਕੱਤਰ ਜੀ ਦੀ ਪ੍ਰਧਾਨਗੀ ਹੇਠ ਸੰਸਥਾ ਲਈ ਪ੍ਰਬੰਧਕੀ ਕਮੇਟੀ ਸਬੰਧੀ ਬਾਅਦ ਵਿਚ ਵੱਖਰੇ ਤੋਰ ਤੇ ਸੂਚਿਤ ਕੀਤਾ ਜਾਵੇਗਾ। ਸੰਸਥਾ ਦੇ ਨਾਮ, ਇਸ ਦੀਆਂ ਵਿਸਤ੍ਰਿਤ ਗਤੀਵਿਧੀਆਂ, ਸਟਾਫ ਦੀ ਭਰਤੀ ਅਤੇ ਸੰਸਥਾ ਦੇ ਪੂੰਜੀਗਤ ਖਰਚੇ, ਸੰਚਾਲਨ ਅਤੇ ਰੱਖ-ਰਖਾਵ ਨਾਲ ਸਬੰਧਤ ਹੋਰ ਸਾਰੇ ਮੁੱਦਿਆ ਦਾ ਫੈਸਲਾ ਕਰਨ ਲਈ ਫਾਊਂਡੇਸ਼ਨ ਨੂੰ ਪੂਰੀ ਤਰ੍ਹਾਂ ਅਧਿਕਾਰਤ ਕੀਤਾ ਜਾਵੇਗਾ।

3. ਇਹ ਪ੍ਰਵਾਨਗੀ ਮੰਤਰੀ ਪ੍ਰੀਸ਼ਦ ਦੀ ਮੀਟਿੰਗ ਮਿਤੀ 23-12-2021 ਵਿਚ ਹੋਏ ਫੈਸਲੇ ਅਨੁਸਾਰ, ਜੋ ਕਿ ਆਮ ਰਾਜ ਪ੍ਰਬੰਧ ਵਿਭਾਗ (ਮੰਤਰੀ ਮੰਡਲ ਸ਼ਾਖਾ) ਦੇ ਅ.ਵਿ.ਪੱ.ਨੰ. 1/353/2021-1ਕੈਬਨਿਟ/10280, ਮਿਤੀ 24-12-2021 ਰਾਹੀਂ ਪ੍ਰਾਪਤ ਹੋਈ ਹੈ, ਦੇ ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਮਿਤੀ:ਚੰਡੀਗੜ੍ਹ
25-12-2021

ਕ੍ਰਿਸ਼ਨ ਕੁਮਾਰ, ਆਈ.ਏ.ਐਸ
ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ, ਵਿਭਾਗ

ਪਿੱਠ ਅੰਕਣ ਨੰ. .HED-EDU10UNIV/93/2021-2edu/6732 ਮਿਤੀ ਚੰਡੀਗੜ੍ਹ: 25-12-2021

ਉਤਾਰਾ ਕੰਟਰੋਲਰ, ਛਪਾਈ ਅਤੇ ਲਿਖਣ ਸਮੱਗਰੀ ਵਿਭਾਗ, ਪੰਜਾਬ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਸਾਧਾਰਣ ਗਜਟ ਵਿਚ ਛਪਾਉਣ ਦੀ ਖੇਚਲ ਕੀਤੀ ਜਾਵੇ।

ਸੁਪਰਡੰਟ

ਪਿੱਠ ਅੰਕਣ ਨੰ. /.HED-EDU10UNIV/93/2021-2edu/6733-40 ਮਿਤੀ ਚੰਡੀਗੜ੍ਹ: 25-12-2021

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਦਾ ਹੈ।

1. ਪ੍ਰਮੁੱਖ ਸਕੱਤਰ/ਮੁੱਖ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਉਚੇਰੀ ਸਿੱਖਿਆ ਮੰਤਰੀ, ਪੰਜਾਬ।
3. ਨਿੱਜੀ ਸਕੱਤਰ/ਵਿੱਤ ਮੰਤਰੀ, ਪੰਜਾਬ।
4. ਨਿੱਜੀ ਸਕੱਤਰ/ਮੁੱਖ ਸਕੱਤਰ, ਪੰਜਾਬ।
5. ਨਿੱਜੀ ਸਕੱਤਰ/ਸਕੱਤਰ, ਉਚੇਰੀ ਸਿੱਖਿਆ, ਪੰਜਾਬ
6. ਡਾਇਰੈਕਟਰ, ਸਿੱਖਿਆ ਵਿਭਾਗ (ਕਾਲਜ਼ਾਂ), ਪੰਜਾਬ, ਐਸ.ਏ.ਐਸ. ਨਗਰ।
7. ਸੁਪਰਡੰਟ, ਆਮ ਰਾਜ ਪ੍ਰਬੰਧ ਵਿਭਾਗ (ਮੰਤਰੀ ਮੰਡਲ ਸ਼ਾਖਾ) ਨੂੰ ਉਹਨਾਂ ਦੇ ਅ.ਵਿ.ਪੱ.ਨੰ. 1/353/2021-1ਕੈਬਨਿਟ/10280, ਮਿਤੀ 24-12-2021 ਦੇ ਹਵਾਲੇ ਵਿਚ।
8. ਰਜਿਸਟਰਾਰ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ।

ਸੁਪਰਡੰਟ